# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਨੀਤੀ ਆਯੋਗ ਦੀ 9ਵੀਂ ਗਵਰਨਿੰਗ ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਵਿਕਸਿਤ ਭਾਰਤ @2047 ਹਰ ਭਾਰਤੀ ਦੀ ਇੱਛਾ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮੁਤਾਬਿਕ, 'ਮਾਲਵਾ ਕੈਨਾਲ' ਮਾਲਵੇ ਵਿਚ ਬੇਮਿਸਾਲ ਤਰੱਕੀ ਤੇ ਖ਼ੁਸ਼ਹਾਲੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰੇਗੀ।
- ਮਰਦਾਂ ਦੇ ਕ੍ਰਿਕਟ ਵਿੱਚ, ਤਿੰਨ ਮੈਚਾਂ ਦੀ ਲੜੀ ਦੇ ਪਹਿਲੇ ਟੀ - 20 ਕੌਮਾਂਤਰੀ ਮੈਚ ਵਿੱਚ, ਅੱਜ ਸ਼ਾਮ ਭਾਰਤ ਦਾ ਮੁਕਾਬਲਾ ਮੇਜ਼ਬਾਨ ਸ਼੍ਰੀਲੰਕਾ ਨਾਲ ਹੋਵੇਗਾ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ, 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ, ਆਪਣੇ ਵਿਚਾਰ ਸਾਂਝੇ ਕਰਨਗੇ । ਇਸ ਮਹੀਨੇਵਾਰ ਰੇਡੀਓ ਪ੍ਰੋਗਰਾਮ ਦੀ ਇਹ 112ਵੀਂ ਕੜੀ ਹੋਵੇਗੀ । ਇਹ ਪ੍ਰੋਗਰਾਮ, ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਪੂਰੇ ਨੈੱਟਵਰਕ, AIR ਨਿਊਜ਼ ਵੈੱਬਸਾਈਟ ਅਤੇ NEWS ON AIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ ਆਕਾਸ਼ਵਾਣੀ ਨਿਊਜ਼, ਡੀ ਡੀ ਨਿਊਜ਼, ਪ੍ਰਧਾਨ ਮੰਤਰੀ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਯੂ ਟਿਊਬ ਚੈਨਲਾਂ 'ਤੇ ਵੀ ਇਸਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ। ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਆਕਾਸ਼ਵਾਣੀ ਇਸ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ, ਕਿ ਵਿਕਸਿਤ ਭਾਰਤ @2047 , ਹਰ ਭਾਰਤੀ ਦੀ ਇੱਛਾ ਏ। ਰਾਸ਼ਟਰਪਤੀ ਭਵਨ ਦੇ ਸਭਿਆਚਾਰਕ ਕੇਂਦਰ ਵਿਖੇ, ਨੀਤੀ ਆਯੋਗ ਦੀ 9ਵੀਂ ਗਵਰਨਿੰਗ

ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਸੂਬੇ ਇਸ ਟੀਚੇ ਨੂੰ ਹਾਸਲ ਕਰਨ ਲਈ ਸਰਗਰਮ ਭੂਮਿਕਾ ਨਿਭਾ ਸਕਦੇ ਨੇ ਕਿਉਂਕਿ ਉਹ ਸਿੱਧੇ ਤੌਰ ’ਤੇ ਲੋਕਾਂ ਨਾਲ ਜੁੜੇ ਹੋਏ ਨੇ । ਨੀਤੀ ਆਯੋਗ ਦੇ ਚੇਅਰਮੈਨ ਵਜੋਂ ਪ੍ਰਧਾਨ ਮੰਤਰੀ ਮੋਦੀ ਨੇ ਇਸ ਮੀਟਿੰਗ ਦੀ ਪ੍ਰਧਾਨਗੀ ਕੀਤੀ । ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਮੰਤਰੀ ਅਤੇ ਲੈਫਟੀਨੈਂਟ ਗਵਰਨਰ, ਕੇਂਦਰੀ ਮੰਤਰੀ, ਅਹੁਦੇਦਾਰ ਮੈਂਬਰ ਅਤੇ ਵਿਸ਼ੇਸ਼ ਸੱਦੇ ਵਜੋਂ ਅਤੇ ਨੀਤੀ ਆਯੋਗ ਦੇ ਉਪ-ਚੇਅਰਮੈਨ ਸੁਮਨ ਬੇਰੀ ਤੇ ਹੋਰ ਮੈਂਬਰ ਮੀਟਿੰਗ ਵਿੱਚ ਸ਼ਾਮਲ ਹੋਏ ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ, ਕਿ ਸੂਬਾ ਇਕ ਨਵਾਂ ਇਤਿਹਾਸ ਸਿਰਜਣ ਦੇ ਕੰਢੇ 'ਤੇ ਏ, ਕਿਉਂਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ, ਦੱਖਣੀ ਪੰਜਾਬ ਦੀਆਂ ਸਿੰਜਾਈ ਲੋੜਾਂ ਦੀ ਪੂਰਤੀ ਲਈ, ਨਵੀਂ ਨਹਿਰ 'ਮਾਲਵਾ ਕੈਨਾਲ' ਪੁੱਟੀ ਜਾ ਰਹੀ ਏ । ਮਾਲਵਾ ਨਹਿਰ ਦੇ ਚੱਲ ਰਹੇ ਕੰਮ ਦਾ ਮੁਆਇਨਾ ਕਰਨ ਮਗਰੋਂ, ਸ੍ਰੀ ਮੁਕਤਸਰ ਸਾਹਿਬ ਵਿਖੇ ਅੱਜ ਇਕ ਇਕੱਠ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਇਹ ਇਕ ਰਿਕਾਰਡ ਏ, ਕਿ ਪਿਛਲੀ ਕਿਸੇ ਵੀ ਸਰਕਾਰ ਨੇ, ਸੂਬੇ ਦੀ

ਇਸ ਜਰੂਰਤ ਵੱਲ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਪਿछਲੀਆਂ ਸਰਕਾਰਾਂ ਦੀ ਇਸ ਘੋਰ ਅਣਗਹਿਲੀ ਕਾਰਨ ਹੀ ਧਰਤੀ ਹੇਠਲੇ ਪਾਣੀ ਦੀ ਵੱਧ ਵਰਤੋਂ ਹੋਈ ਏ, ਜਿਸ ਕਾਰਨ ਜ਼ਿਆਦਾਤਰ ਬਲਾਕ ਡਾਰਕ ਜ਼ੋਨ ਵਿੱਚ ਤਬਦੀਲ ਹੋ ਗਏ ਨੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੋਈ 150 ਕਿਲੋਮੀਟਰ ਲੰਮੀ ਇਹ ਨਵੀਂ ਨਹਿਰ, ਸੂਬੇ ਖਾਸ ਕਰ ਕੇ ਮਾਲਵਾ ਖੇਤਰ ਵਿੱਚ, ਬੇਮਿਸਾਲ ਤਰੱਕੀ ਅਤੇ ਖ਼ੁਸ਼ਹਾਲੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰੇਗੀ। ਉਨਾਂ ਕਿਹਾ ਕਿ ਸੂਬਾ ਸਰਕਾਰ ਇਸ ਵੱਕਾਰੀ ਪ੍ਰਾਜੈਕਟ 'ਤੇ, ਕੋਈ 2 ਹਜ਼ਾਰ 300 ਕਰੋੜ ਰੁਪਏ ਖਰਚ ਕਰੇਗੀ ਜਿਹੜਾ ਸੂਬੇ ਦੀ ਕਰੀਬ ਦੋ ਲੱਖ ਏਕੜ ਉਪਜਾਊ ਜ਼ਮੀਨ ਦੀਆਂ ਸਿੰਜਾਈ ਲੋੜਾਂ ਦੀ ਪੂਰਤੀ ਕਰੇਗੀ। ਉਨ੍ਹਾਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਕਾਫ਼ੀ ਪਹਿਲਾਂ ਹੀ, ਉਨਾਂ ਇਸ ਪ੍ਰਾਜੈਕਟ ਦਾ ਵਿਚਾਰ ਬਣਾਇਆ ਸੀ।

----------------------------------------------------------

ਏਧਰ ਪੰਜਾਬ BJP ਦੇ ਸੂਬਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ ਨੇ ਕਿਹਾ ਏ, ਕਿ ਆਮ ਆਦਮੀ ਪਾਰਟੀ ਨੇ ਕਿਸਾਨਾਂ ਦੇ ਮੁੱਦਿਆਂ ਤੇ ਸਿਆਸਤ ਕਰਕੇ, ਸਰਕਾਰ ਬਣਾਈ ਅਤੇ ਹੁਣ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਨੇ। ਚੰਡੀਗੜ੍ਹ ਤੋਂ ਅੱਜ ਜਾਰੀ ਇਕ ਬਿਆਨ

ਵਿਚ, ਉਨਾਂ ਕਿਹਾ ਕਿ ਝੋਨੇ ਦੀ ਫਸਲ ਲਈ, ਜ਼ਰੂਰਤ ਅਨੁਸਾਰ ਬਿਜਲੀ ਤੇ ਪਾਣੀ ਨਾ ਮਿਲਣ ਕਾਰਨ ਕਿਸਾਨ ਪਰੇਸ਼ਾਨ ਨੇ। ਉਨਾਂ ਕਿਹਾ ਕਿ ਕਿਸਾਨ ਆਪਣੀਆਂ ਫਸਲਾਂ ਦੀ ਬਿਜਾਈ ਨਹੀ ਕਰ ਸਕੇ, ਕਿਉਂਕਿ ਜਰੂਰਤ ਅਨੁਸਾਰ ਬਾਰਸ਼ ਨਾ ਹੋਣ ਕਾਰਨ ਕਿਸਾਨਾਂ ਨੂੰ ਬਿਜਲੀ ਤੇ ਨਹਿਰੀ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਵਿੱਚ ਸਰਕਾਰ ਨਾਕਾਮ ਸਾਬਤ ਹੋਈ ਏ। ਬਿਕਰਮਜੀਤ ਸਿੰਘ ਚੀਮਾ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਏ, ਕਿ ਕਿਸਾਨਾਂ ਨੂੰ ਮੋਟਰਾਂ ਲਈ ਪੂਰੀ ਬਿਜਲੀ ਤੇ ਨਹਿਰੀ ਪਾਣੀ ਮੁਹੱਈਆ ਕਰਵਾਉਣ।

-------------------------------------------------------

ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਨ ਮੰਤਰਾਲੇ ਤਹਿਤ ਕੇਂਦਰੀ ਸੰਚਾਰ ਬਿਊਰੋ ਅੰਮ੍ਰਿਤਸਰ ਵਲੋਂ ਭਾਰਤੀ ਨਿਆਂ ਸੰਹਿਤਾ ਅਤੇ ਫਲੈਗਸ਼ਿਪ ਯੋਜਨਾਵਾਂ ਸਬੰਧੀ ਇੱਕ ਸੈਮੀਨਾਰ ਬੀਤੇ ਦਿਨੀ ਦੇਵ ਸਮਾਜ ਕਾਲਜ ਫਿਰੋਜ਼ਪੁਰ ਵਿੱਚ ਕਰਵਾਇਆ ਗਿਆ। ਇਸ ਮੌਕੇ ਜਿਲ੍ਹਾ ਤੇ ਸੈਸ਼ਨ ਜੱਜ ਵਰਿੰਦਰ ਅਗਰਵਾਲ ਨੇ ਤਿੰਨ ਨਵੇਂ ਕਾਨੂੰਨਾ ਵਿਚ ਕੀਤੀਆਂ ਵੱਖ ਵੱਖ ਤਬਦੀਲੀਆਂ ਬਾਰੇ ਜਾਣਕਾਰੀ ਦਿਤੀ। ਸੈਮੀਨਾਰ ਵਿਚ ਮੌਜੂਦ ਕਾਲਜ ਦੀ ਵਿਦਿਆਰਥਣ ਨੇ ਨਵੇਂ ਕਾਨੂੰਨਾਂ ਨੂੰ ਸਮਝਣ ਵਿਚ ਇਸ ਸੈਮੀਨਾਰ ਦੇ ਸਹਾਈ ਹੋਣ ਦੀ ਗੱਲ ਆਖੀ।

---------------------------------------------------------

ਪੰਜਾਬ ਦੇ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਏ, ਕਿ ਸੂਬੇ ਵਿਚ ਫ਼ਸਲੀ ਵਿਭਿੰਨਤਾ ਲਈ ਕੀਤੇ ਜਾ ਰਹੇ ਉਪਰਾਲਿਆਂ ਨੂੰ ਬੂਰ ਪੈਣ ਲੱਗਾ ਏ ਅਤੇ ਬਾਗ਼ਬਾਨੀ ਅਧੀਨ ਰਕਬੇ ਵਿੱਚ ਵੱਡਾ ਵਾਧਾ ਦਰਜ ਕੀਤਾ ਗਿਆ ਏ। ਮਾਰਚ 2022 ਤੋਂ ਲੈ ਕੇ, ਹੁਣ ਤੱਕ ਬਾਗ਼ਬਾਨੀ ਹੇਠ ਕੁੱਲ ਰਕਬਾ 42 ਹਜ਼ਾਰ 406 ਹੈਕਟੇਅਰ ਤੱਕ ਵਧਿਆ ਏ, ਜਿਹੜਾ ਫ਼ਸਲੀ ਵਿਭਿੰਨਤਾ ਅਧੀਨ ਅਹਿਮ ਪ੍ਰਗਤੀ ਦਾ ਸੰਕੇਤ ਏ।

---------------------------------------------------------

ਪਟਿਆਲਾ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਪਰਸਨ ਰੁਪਿੰਦਰਜੀਤ ਚਾਹਲ ਨੇ, ਮੁੱਖ ਨਿਆਇਕ ਮੈਜਿਸਟਰੇਟ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਮਾਨੀ ਅਰੋੜਾ ਦੇ ਨਾਲ, ਕੱਲ ਕੇਂਦਰੀ ਜੇਲ੍ਹ ਪਟਿਆਲਾ, ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਅਤੇ ਓਪਨ ਏਅਰ ਜੇਲ੍ਹ ਨਾਭਾ ਦਾ ਨਿਰੀਖਣ ਕੀਤਾ। ਇਸ ਦੌਰਾਨ ਰੁਪਿੰਦਰਜੀਤ ਚਾਹਲ ਨੇ, ਖੁਦ ਜੇਲ੍ਹਾਂ ਦੀਆਂ ਬੈਰਕਾਂ ਦਾ ਦੌਰਾ ਕੀਤਾ ਅਤੇ ਕੈਦੀਆਂ ਨਾਲ ਉਨਾਂ ਦੀਆਂ ਚਿੰਤਾਵਾਂ ਦੂਰ ਕਰਨ ਦੇ ਯਤਨ

ਵਿੱਚ ਸਾਰਥਕ ਗੱਲਬਾਤ ਕੀਤੀ । ਕੈਦੀਆਂ ਲਈ ਢੁਕਵੀਂ ਸਿਹਤ ਤੇ ਡਾਕਟਰੀ ਸਹੂਲਤਾਂ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ, ਨਾਭਾ ਨਵੀਂ ਜ਼ਿਲ੍ਹਾ ਜੇਲ੍ਹ ਵਿੱਚ ਬਿਊਟੀਸ਼ੀਅਨ ਦਾ ਕੋਰਸ ਪੂਰਾ ਕਰਨ ਵਾਲੀਆਂ ਮਹਿਲਾ ਕੈਦੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ ਅਤੇ ਉਨ੍ਹਾਂ ਦੇ ਹੁਨਰ ਵਿਕਾਸ ਤੇ ਮੁੜ ਵਸੇਬੇ ਵਿੱਚ ਇੱਕ ਅਹਿਮ ਮੀਲ ਪੱਥਰ ਵਜੋਂ ਚਿੰਨ੍ਹਿਤ ਕੀਤਾ ।

-------------------------------------------------------

ਭਾਰਤ ਸੰਚਾਰ ਨਿਗਮ ਲਿਮਟਿਡ ਬੀ.ਐਸ.ਐਨ.ਐਲ. ਲੁਧਿਆਣਾ ਟੈਲੀਕਾਮ ਜ਼ਿਲ੍ਹੇ ਦੇ ਜਨਰਲ ਮੈਨੇਜਰ ਅਮੀਨ ਅਹਿਮਦ ਤਾਜ਼ੀਰ ਨੇ ਜ਼ਿਲੇ ਦੇ ਸਾਰੇ 3G ਸਿਮ ਗਾਹਕਾਂ ਨੂੰ 10 ਅਗਸਤ ਤੋਂ ਪਹਿਲਾਂ ਆਪਣੇ ਨਜ਼ਦੀਕੀ ਗਾਹਕ ਸੇਵਾ ਕੇਂਦਰਾਂ ਸੀ.ਐਸ.ਸੀ 'ਤੇ ਆਪਣੇ ਮੌਜੂਦਾ 3G ਸਿਮ ਨੂੰ 4G ਸਿਮ ਵਜੋਂ ਅਪਗਰੇਡ ਕਰਵਾਉਣ ਦੀ ਅਪੀਲ ਕੀਤੀ ਏ । ਉਨਾਂ ਕਿਹਾ ਕਿ ਨਿਰਵਿਘਨ ਮੋਬਾਇਲ ਸੇਵਾਵਾਂ ਯਕੀਨੀ ਬਣਾਉਣ ਲਈ ਇਹ ਬਦਲ ਲਾਜ਼ਮੀ ਏ । ਬੀ.ਐਸ.ਐਨ.ਐਲ. ਦਾ ਉਦੇਸ਼ ਉਹਨਾਂ ਗਾਹਕਾਂ ਲਈ ਇੱਕ ਸੁਚਾਰੂ ਅਨੁਭਵ ਪ੍ਰਦਾਨ ਕਰਨਾ ਏ ਜਿਹੜੇ ਇਸਦੀਆਂ ਭਰੋਸੇਮੰਦ ਅਤੇ ਹਾਈ-ਸਪੀਡ 4G ਸੇਵਾਵਾਂ ਲੈਣੀਆਂ ਚਾਹੁੰਦੇ

ਨੇ। ਬੀ.ਐਸ.ਐਨ.ਐਲ. ਦੇ ਰਿਟੇਲ ਭਾਈਵਾਲਾਂ ਅਤੇ ਸੀ.ਐਸ.ਸੀ. ਦਾ ਵਿਆਪਕ ਨੈੱਟਵਰਕ ਇਹ ਯਕੀਨੀ ਬਣਾਉਂਦਾ ਏ ਕਿ ਗਾਹਕ ਆਪਣੀਆਂ ਸੇਵਾਵਾਂ ਵਿੱਚ ਬਿਨਾਂ ਕਿਸੇ ਰੁਕਾਵਟ ਦੇ ਸੁਵਿਧਾਜਨਕ ਤੌਰ 'ਤੇ ਆਪਣਾ ਨੰਬਰ ਪੋਰਟ ਕਰ ਸਕਦੇ ਨੇ। ਅਮੀਨ ਅਹਿਮਦ ਤਾਜ਼ੀਰ ਨੇ ਕਿਹਾ ਕਿ ਅਸੀਂ ਬੀ.ਐਸ.ਐਨ.ਐਲ. ਪਰਿਵਾਰ ਵਿੱਚ ਨਵੇਂ ਗਾਹਕਾਂ ਦਾ ਸੁਆਗਤ ਕਰਕੇ ਬਹੁਤ ਖੁਸ਼ ਹਾਂ ਅਤੇ ਸਾਡਾ ਟੀਚਾ ਗਾਹਕਾਂ ਨੂੰ ਸਹਿਜ ਕਨੈਕਟੀਵਿਟੀ ਤੇ ਬੇਮਿਸਾਲ ਸੇਵਾ ਪ੍ਰਦਾਨ ਕਰਨਾ ਏ ਅਤੇ ਅਸੀਂ ਪੋਰਟਿੰਗ ਪ੍ਰਕਿਰਿਆ ਨੂੰ ਜਿੰਨਾ ਸੰਭਵ ਹੋ ਸਕੇ ਨਿਰਵਿਘਨ ਬਣਾਉਣ ਲਈ ਵਚਨਬੱਧ ਹਾਂ।

---------------------------------------------------------

ਮੁਹਾਲੀ ਨੇੜਲੇ ਸਰਕਾਰੀ ਪੌਲੀਟੈਕਨਿਕ ਕਾਲਜ ਖੂਨੀਮਾਜਰਾ ਅਤੇ PTU ਕੈਂਪਸ ਵੱਲੋਂ, ਐਸ ਡੀ ਐਮ ਗੁਰਮੰਦਰ ਸਿੰਘ ਦੀ ਨਿਰਦੇਸ਼ਨਾ ਵਿਚ ਵਣ ਮਹਾਂ ਉਤਸਵ ਮਨਾਇਆ ਗਿਆ। ਵਾਤਾਵਰਣ ਦੀ ਸ਼ੁੱਧਤਾ ਪ੍ਰਤੀ ਵਚਨਬੱਧਤਾ ਦਿਖਾਉਂਦੇ ਹੋਏ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਬੂਟੇ ਲਗਾਏ। ਮੁਹਿੰਮ ਦੀ ਸ਼ੁਰੂਆਤ ਉੱਘੀ ਫਿਲਮ ਅਦਾਕਾਰਾ ਰਾਜ ਧਾਲੀਵਾਲ ਤੇ ਕਾਲਜ ਦੇ ਪ੍ਰਿੰਸੀਪਲ ਰਾਜੀਵ ਪੁਰੀ ਨੇ, ਪੰਜ ਬੂਟੇ ਲਗਾ ਕੇ ਕੀਤੀ। ਜਿਲ੍ਹਾ ਨੋਡਲ ਅਫਸਰ ਪ੍ਰੋ. ਗੁਰਬਖਸ਼ੀਸ਼

ਸਿੰਘ ਅਨਟਾਲ ਨੇ ਦੱਸਿਆ ਕਿ ਕਾਲਜ ਦੇ ਵਿਹੜੇ ਵਿੱਚ ਜਾਮਣ, ਅੰਬ, ਸੁਹੰਜਣ, ਕਨੇਰ, ਨਿੰਬੂ ਅਤੇ ਅਰਜਨ ਦੇ 101 ਬੂਟੇ ਲਗਾਏ ਗਏ । ਇਸ ਮੌਕੇ ਰਾਜ ਧਾਲੀਵਾਲ ਵਿਦਿਆਰਥੀਆਂ ਨੂੰ ਹਰ ਸਾਲ ਦੋ ਰੁੱਖ ਲਾ ਕੇ ਸਾਂਭਣ ਦਾ ਸੁਨੇਹਾ ਦਿੱਤਾ।

------------------------------------------------------------

ਮਰਦਾਂ ਦੇ ਕ੍ਰਿਕਟ ਵਿੱਚ, ਤਿੰਨ ਮੈਚਾਂ ਦੀ ਲੜੀ ਦੇ ਪਹਿਲੇ ਟੀ- 20 ਕੌਮਾਂਤਰੀ ਮੈਚ ਵਿੱਚ, ਅੱਜ ਸ਼ਾਮ ਪੱਲੇਕੇਲੇ ਵਿੱਚ ਭਾਰਤ ਦਾ ਮੁਕਾਬਲਾ, ਮੇਜ਼ਬਾਨ ਸ੍ਰੀਲੰਕਾ ਨਾਲ ਹੋਵੇਗਾ । ਇਹ ਮੈਚ ਹੁਣ ਤੋਂ ਥੋੜੀ ਦੇਰ ਬਾਅਦ ਸੱਤ ਵਜੇ ਤੋਂ ਸ਼ੁਰੂ ਹੋਵੇਗਾ। ਇਸ ਤੋਂ ਬਾਅਦ ਪਹਿਲੀ ਅਗਸਤ ਤੋਂ ਕੋਲੰਬੋ 'ਚ ਤਿੰਨ ਮੈਚਾਂ ਦੀ ਵਨ ਡੇ ਸੀਰੀਜ਼ ਸ਼ੁਰੂ ਹੋਵੇਗੀ । ਦੂਜਾ ਟੀ - 20 ਭਲਕੇ 29 ਜੁਲਾਈ ਅਤੇ ਤੀਜਾ ਮੈਚ 30 ਜੁਲਾਈ ਨੂੰ ਖੇਡਿਆ ਜਾਵੇਗਾ। ਰੋਹਿਤ ਸ਼ਰਮਾ, ਵਿਰਾਟ ਕੋਹਲੀ ਅਤੇ ਰਵਿੰਦਰ ਜਡੇਜਾ ਦੇ ਸਭ ਤੋਂ ਛੋਟੇ ਫਾਰਮੈਟ ਤੋਂ ਸੰਨਿਆਸ ਲੈਣ ਅਤੇ ਰਾਹੁਲ ਦ੍ਰਾਵਿੜ ਦੀ ਵਿਦਾਈ ਤੋਂ ਬਾਅਦ, ਹੁਣ ਸੂਰਿਆ ਕੁਮਾਰ ਯਾਦਵ ਦੀ ਕਪਤਾਨੀ ਅਤੇ ਗੌਤਮ ਗੰਭੀਰ ਦੇ ਨਵੇਂ ਮੁੱਖ ਕੋਚ ਦੀ ਅਗਵਾਈ ਵਿੱਚ, ਭਾਰਤ ਰਸਮੀ ਤੌਰ 'ਤੇ ਆਪਣੇ ਅਗਲੇ ਦੌਰ ਦੀ ਸ਼ੁਰੂਆਤ ਕਰ ਰਿਹਾ ਏ ।